ਪੰਜਾਬ ਸਕੂਲ ਸਿੱਖਿਆ ਬੋਰਡ

ਪ੍ਰੈੱਸ ਨੋਟ

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2026-27 ਲਈ ਪੰਜਾਬ ਓਪਨ ਸਕੂਲ ਦੀਆਂ ਮੈਟ੍ਰਿਕੁਲੇਸ਼ਨ ਅਤੇ ਸੀਨੀਅਰ ਸੈਕੰਡਰੀ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੇ ਦਾਖਲਿਆਂ ਲਈ ਸਰਕਾਰੀ, ਗੈਰ ਸਰਕਾਰੀ, ਆਦਰਸ਼ ਸਕੂਲ, ਮਾਨਤਾ ਪ੍ਰਾਪਤ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ ਸਕੂਲਾਂ ਨੂੰ ਨਵੀਂ ਐਕਰੀਡਿਟੇਸ਼ਨ ਦੇਣ/ਰੀਨੀਊ ਕਰਨ ਲਈ ਆਨ-ਲਾਈਨ ਫਾਰਮ ਭਰਨ ਲਈ ਨਿਰਧਾਰਤ ਸ਼ਡਿਊਲ ਅਨੁਸਾਰ ਬਿਨਾ ਲੇਟ ਫੀਸ ਮਿਤੀ 30-04-2026 ਤੱਕ ਅਤੇ ਜੁਰਮਾਨਾ ਫੀਸ 6700/- ਰੁ: ਨਾਲ ਮਿਤੀ 31-08- 2026 ਤੱਕ ਹੈ। ਨਵੀਂ ਐਕਰੀਡਿਟੇਸ਼ਨ ਫੀਸ ਮੈਟ੍ਰਿਕ ਲਈ 3650/-ਰੁ:, ਰੀਨੀਊਅਲ ਫੀਸ 1820/-ਰੁ: ਅਤੇ ਸੀਨੀਅਰ ਸੈਕੰਡਰੀ ਲਈ 4,850/- ਰੁ: ਪ੍ਰਤੀ ਗਰੁੱਪ, ਰੀਨੀਊਅਲ ਫੀਸ 1820/-ਰੁ: ਪ੍ਰਤੀ ਗਰੁੱਪ ਹੈ। ਸਰਕਾਰੀ ਅਤੇ ਬੋਰਡ ਦੇ ਆਦਰਸ਼ ਸਕੂਲਾਂ ਨੂੰ ਐਕਰੀਡਿਟੇਸ਼ਨ ਫੀਸ ਤੋਂ ਛੋਟ ਦਿੱਤੀ ਗਈ ਹੈ। ਐਕਰੀਡਿਟੇਸ਼ਨ ਕਰਨ ਲਈ ਆਨ-ਲਾਈਨ ਫਾਰਮ ਸਕੂਲਾਂ ਦੀ Login ID 'ਤੇ ਓਪਨ ਸਕੂਲ ਪੋਰਟਲ ਤੇ ਉਪਲੱਬਧ ਹੈ। ਅਧਿਐਨ ਕੇਂਦਰਾਂ ਵੱਲੋਂ ਐਕਰੀਡਿਟੇਸ਼ਨ ਆਨ-ਲਾਈਨ ਅਪਲਾਈ ਕਰਨ ਉਪਰੰਤ ਫਾਰਮ ਦੀ ਹਾਰਡ ਕਾਪੀ ਉੱਪ ਸਕੱਤਰ (ਅਕਾਦਮਿਕ), ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ ਨਗਰ (ਮੋਹਾਲੀ) ਦੇ ਨਾਂ ਤੇ ਭੇਜੀ ਜਾਵੇ ਜੀ।

ਉੱਪ ਸਕੱਤਰ (ਪੰਜਾਬੀ ਵਿਕਾਸ ਸੈਲ ਅਤੇ ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ।

Scanned with CamScanner